**ਭੈਰਉ ਮਹਲਾ ੫ ॥ ਪੰਚ ਮਜਮੀ ਜੋ ਪੰਚਨ ਰਾਖੈ ॥ ਮਿਥਿਆ ਰਸਨਾ ਨਿਤ ਉਠਿ ਭਾਖੈ ॥ ਚਕ੍ਰ ਬਣਾਇ ਕਰੈ ਪਾਖੰਡ ॥ ਝੁਰਿ ਝੁਰਿ ਪਚੈ ਜੈਸੇ ਤ੍ਰਿਅ ਰੰਡ ॥ ੧॥ ਹਰਿ ਕੇ ਨਾਮ ਬਿਨਾ ਸਭ ਝੂਠੁ ॥ ਬਿਨੁ ਗੁਰ ਪੂਰੇ ਮੁਕਤਿ ਨ ਪਾਈਐ ਸਾਚੀ ਦਰਗਹਿ ਸਾਕਤ ਮੂਠੁ ॥ ੧॥ ਰਹਾਉ ॥ ਸੋਈ ਕੁਚੀਲੁ ਕੁਦਰਤਿ ਨਹੀ ਜਾਨੈ ॥ ਲੀਪਿਐ ਥਾਇ ਨ ਸੁਚਿ ਹਰਿ ਮਾਨੈ ॥ ਅੰਤਰੁ ਮੈਲਾ ਬਾਹਰੁ ਨਿਤ ਧੋਵੈ ॥ ਸਾਚੀ ਦਰਗਹਿ ਅਪਨੀ ਪਤਿ ਖੋਵੈ ॥੨॥ ਮਾਇਆ ਕਾਰਣਿ ਕਰੈ ਉਪਾਉ ॥ ਕਬਹਿ ਨ ਘਾਲੈ ਸੀਧਾ ਪਾਉ ॥ ਜਿਨਿ ਕੀਆ ਤਿਸੁ ਚੀਤਿ ਨ ਆਣੈ ॥ ਕੂੜੀ ਕੂੜੀ ਮੁਖਹੁ ਵਖਾਣੈ ॥੩॥ ਜਿਸ ਨੋ ਕਰਮੁ ਕਰੇ ਕਰਤਾਰੁ ॥ ਸਾਧਸੰਗਿ ਹੋਇ ਤਿਸੁ ਬਿਉਹਾਰੁ ॥ ਹਰਿ ਨਾਮ ਭਗਤਿ ਸਿਉ ਲਾਗਾ ਰੰਗੁ ॥ ਕਹੁ ਨਾਨਕ ਤਿਸੁ ਜਨ ਨਹੀ ਭੰਗੁ ॥੪॥੪੦॥੫੩॥** {ਪੰਨਾ 1151}

ਪਦਅਰਥ:- ਪੰਚ ਮਜਮੀ—ਪੰਜ ਪੀਰਾਂ ਦਾ ਉਪਾਸਕ, ਕਾਮਾਦਿਕ ਪੰਜ ਪੀਰਾਂ ਦਾ ਉਪਾਸਕ। ਪੰਚਨ—ਕਾਮਾਦਿਕ ਪੰਜਾਂ ਨੂੰ। ਮਿਥਿਆ—ਝੂਠ। ਰਸਨਾ—ਜੀਭ (ਨਾਲ)। ਉਠਿ—ਉੱਠ ਕੇ। ਨਿਤ ਉਠਿ—ਸਦਾ ਹੀ, ਹਰ ਰੋਜ਼। ਭਾਖੈ—ਬੋਲਦਾ ਹੈ। ਚਕ੍ਰ—ਗਣੇਸ਼ ਆਦਿਕ ਦੇ ਨਿਸ਼ਾਨ। ਪਾਖੰਡ—ਧਰਮੀ ਹੋਣ ਦਾ ਵਿਖਾਵਾ। ਝੁਰਿ ਝੁਰਿ—ਮਾਇਆ ਦੀ ਖ਼ਾਤਰ ਤਰਲੇ ਲੈ ਲੈ ਕੇ। ਪਚੈ—ਅੰਦਰੇ ਅੰਦਰ ਸੜਦਾ ਹੈ। ਤ੍ਰਿਆ ਰੰਡ—ਵਿਧਵਾ ਇਸਤ੍ਰੀ, ਰੰਡੀ ਜ਼ਨਾਨੀ।1।

ਸਭ—ਸਾਰੀ (ਵਿਖਾਵੇ ਵਾਲੀ ਧਾਰਮਿਕ ਕ੍ਰਿਆ)। ਮੁਕਤਿ—ਵਿਕਾਰਾਂ ਤੋਂ ਖ਼ਲਾਸੀ। ਸਾਚੀ ਦਰਗਹਿ—ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਹਜ਼ੂਰੀ ਵਿਚ। ਸਾਕਤ ਮੂਠੁ—ਸਾਕਤਾਂ ਦਾ ਪਾਜ, ਸਾਕਤਾਂ ਦਾ ਠੱਗੀ ਦਾ ਪਾਜ, ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖਾਂ ਦੀ ਠੱਗੀ-ਠੋਰੀ।1। ਰਹਾਉ।

ਸੋਈ—ਉਹੀ ਮਨੁੱਖ। ਕੁਚੀਲੁ—ਗੰਦੀ ਰਹਿਣੀ ਵਾਲਾ। ਜਾਨੈ—ਪਛਾਣਦਾ। ਲੀਪਿਐ ਥਾਇ—ਜੇ ਚੌਂਕਾ ਪੋਚਿਆ ਜਾਏ। ਸੁਚਿ—ਪਵਿੱਤ੍ਰਤਾ। ਮਾਨੈ—ਮੰਨਦਾ। ਅੰਤਰੁ—ਅੰਦਰਲਾ, ਹਿਰਦਾ। ਬਾਹਰੁ—(ਸਰੀਰ ਦਾ) ਬਾਹਰਲਾ ਪਾਸਾ। ਪਤਿ—ਇੱਜ਼ਤ।2।

ਕਾਰਣਿ—ਕਮਾਣ ਵਾਸਤੇ। ਉਪਾਉ—ਹੀਲਾ, ਉੱਦਮ। ਘਾਲੈ—ਘੱਲਦਾ, ਧਰਦਾ। ਸੀਧਾ ਪਾਉ—ਸਿੱਧਾ ਪੈਰ। ਜਿਨਿ—ਜਿਸ (ਪਰਮਾਤਮਾ) ਨੇ। ਚੀਤਿ—ਚਿੱਤ ਵਿਚ। ਆਣੈ—ਲਿਆਉਂਦਾ। ਕੂੜੀ ਕੂੜੀ—ਝੂਠ-ਮੂਠ। ਮੁਖਹੁ—ਮੂੰਹੋਂ।3।

ਜਿਸ ਨੋ—{ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ}। ਕਰਮੁ—ਬਖ਼ਸ਼ਸ਼। ਬਿਉਹਾਰੁ—ਵਰਤਣ-ਵਿਹਾਰ, ਮੇਲ-ਜੋਲ, ਬਹਿਣ-ਖਲੋਣ। ਸਿਉ—ਨਾਲ। ਰੰਗੁ—ਪਿਆਰ। ਭੰਗੁ—ਤੋਟ।4।

ਅਰਥ:- ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ (ਹੋਰ) ਸਾਰੀ (ਵਿਖਾਵੇ ਵਾਲੀ ਧਾਰਮਿਕ ਕ੍ਰਿਆ) ਝੂਠਾ ਉੱਦਮ ਹੈ। ਪੂਰੇ ਗੁਰੂ ਦੀ ਸਰਣ ਪੈਣ ਤੋਂ ਬਿਨਾ ਵਿਕਾਰਾਂ ਤੋਂ ਖ਼ਲਾਸੀ ਨਹੀਂ ਮਿਲਦੀ। ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਹਜ਼ੂਰੀ ਵਿਚ ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖਾਂ ਦਾ ਠੱਗੀ ਦਾ ਪਾਜ ਚੱਲ ਨਹੀਂ ਸਕਦਾ।1। ਰਹਾਉ।

ਹੇ ਭਾਈ! (ਨਾਮ-ਸਿਮਰਨ ਛੱਡ ਕੇ ਜਿਹੜਾ ਮਨੁੱਖ ਆਪਣੇ ਸਰੀਰ ਉੱਤੇ) ਗਣੇਸ਼ ਆਦਿਕ ਦਾ ਨਿਸ਼ਾਨ ਬਣਾ ਕੇ ਆਪਣੇ ਧਰਮੀ ਹੋਣ ਦਾ ਵਿਖਾਵਾ ਕਰਦਾ ਹੈ, ਉਹ (ਅਸਲ ਵਿਚ) ਅੰਦਰੇ ਅੰਦਰ ਮਾਇਆ ਦੀ ਖ਼ਾਤਰ ਤਰਲੈ ਲੈ ਲੈ ਕੇ ਸੜਦਾ ਰਹਿੰਦਾ ਹੈ, ਜਿਵੇਂ ਵਿਧਵਾ ਇਸਤ੍ਰੀ (ਪਤੀ ਤੋਂ ਬਿਨਾ ਸਦਾ ਦੁਖੀ ਰਹਿੰਦੀ ਹੈ)। ਉਹ ਮਨੁੱਖ (ਅਸਲ ਵਿਚ ਕਾਮਾਦਿਕ) ਪੰਜ ਪੀਰਾਂ ਦਾ ਉਪਾਸਕ ਹੁੰਦਾ ਹੈ ਕਿਉਂਕਿ ਉਹ ਇਹਨਾਂ ਪੰਜਾਂ ਨੂੰ (ਆਪਣੇ ਹਿਰਦੇ ਵਿਚ) ਸਾਂਭੀ ਰੱਖਦਾ ਹੈ, ਤੇ ਸਦਾ ਗਿਣ-ਮਿਥ ਕੇ ਆਪਣੀ ਜੀਭ ਨਾਲ ਝੂਠ ਬੋਲਦਾ ਰਹਿੰਦਾ ਹੈ।1।

ਹੇ ਭਾਈ! ਅਸਲ ਵਿਚ ਉਹੀ ਮਨੁੱਖ ਗੰਦੀ ਰਹਿਣੀ ਵਾਲਾ ਹੈ ਜਿਹੜਾ ਇਸ ਸਾਰੀ ਰਚਨਾ ਵਿਚ (ਇਸ ਦੇ ਕਰਤਾਰ ਸਿਰਜਣਹਾਰ ਨੂੰ ਵੱਸਦਾ) ਨਹੀਂ ਪਛਾਣ ਸਕਦਾ। ਜੇ ਬਾਹਰਲਾ ਚੌਕਾ ਲਿਪਿਆ ਜਾਏ (ਤਾਂ ਉਸ ਬਾਹਰਲੀ ਸੁੱਚ ਨੂੰ) ਪਰਮਾਤਮਾ ਸੁੱਚ ਨਹੀਂ ਸਮਝਦਾ। ਜਿਸ ਮਨੁੱਖ ਦਾ ਹਿਰਦਾ ਤਾਂ ਵਿਕਾਰਾਂ ਨਾਲ ਗੰਦਾ ਹੋਇਆ ਪਿਆ ਹੈ, ਪਰ ਉਹ ਆਪਣੇ ਸਰੀਰ ਨੂੰ (ਸੁੱਚ ਦੀ ਖ਼ਾਤਰ) ਸਦਾ ਧੋਂਦਾ ਰਹਿੰਦਾ ਹੈ, ਉਹ ਮਨੁੱਖ ਸਦਾ-ਥਿਰ ਪ੍ਰਭੂ ਦੀ ਹਜ਼ੂਰੀ ਵਿਚ ਆਪਣੀ ਇੱਜ਼ਤ ਗਵਾ ਲੈਂਦਾ ਹੈ।2।

ਹੇ ਭਾਈ! (ਆਪਣੇ ਧਰਮੀ ਹੋਣ ਦਾ ਵਿਖਾਵਾ ਕਰਨ ਵਾਲਾ ਮਨੁੱਖ ਅੰਦਰੋਂ) ਮਾਇਆ ਇਕੱਠੀ ਕਰਨ ਦੀ ਖ਼ਾਤਰ (ਭੇਖ ਤੇ ਸੁੱਚ ਆਦਿਕ ਦਾ) ਹੀਲਾ ਕਰਦਾ ਹੈ, ਪਰ (ਪਵਿੱਤਰ ਜੀਵਨ ਵਾਲੇ ਰਸਤੇ ਉਤੇ) ਕਦੇ ਭੀ ਸਿੱਧਾ ਪੈਰ ਨਹੀਂ ਧਰਦਾ। ਜਿਸ ਪਰਮਾਤਮਾ ਨੇ ਪੈਦਾ ਕੀਤਾ ਹੈ, ਉਸ ਨੂੰ ਆਪਣੇ ਚਿੱਤ ਵਿਚ ਨਹੀਂ ਵਸਾਂਦਾ (ਹਾਂ) ਝੂਠ-ਮੂਠ (ਲੋਕਾਂ ਨੂੰ ਠੱਗਣ ਲਈ ਆਪਣੇ) ਮੂੰਹੋਂ (ਰਾਮ ਰਾਮ) ਉਚਾਰਦਾ ਰਹਿੰਦਾ ਹੈ।3।

ਹੇ ਭਾਈ! ਜਿਸ ਮਨੁੱਖ ਉੱਤੇ ਕਰਤਾਰ-ਸਿਰਜਣਹਾਰ ਮਿਹਰ ਕਰਦਾ ਹੈ, ਸਾਧ ਸੰਗਤਿ ਵਿਚ ਉਸ ਮਨੁੱਖ ਦਾ ਬਹਿਣ-ਖਲੋਣ ਹੋ ਜਾਂਦਾ ਹੈ, ਪਰਮਾਤਮਾ ਦੇ ਨਾਮ ਨਾਲ ਪਰਮਾਤਮਾ ਦੀ ਭਗਤੀ ਨਾਲ ਉਸ ਦਾ ਪ੍ਰੇਮ ਬਣ ਜਾਂਦਾ ਹੈ। ਹੇ ਨਾਨਕ! ਉਹ ਮਨੁੱਖ ਨੂੰ (ਆਤਮਕ ਅਨੰਦ ਵਿਚ ਕਦੇ) ਤੋਟ ਨਹੀਂ ਆਉਂਦੀ।4। 40। 53।